# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: (3696 ਅ-2) 15/743-15 ਅ-2 (2) (ਕੋ:ਸੈ 3)
ਮਿਤੀ, ਐਸ.ਏ.ਐਸ.ਨਗਰ : 01-07-15

ਪੰਜਾਬ ਸਰਕਾਰ ਦੇ ਪੱਤਰ ਨੰ: 6/26/2011-6 ਪੀ.ਪੀ.3/2046 ਮਿਤੀ 22-12-2011 ਅਤੇ ਪੱਤਰ ਨੰ: 6/26/2011-6ਪੀ.ਪੀ.3/1276 ਮਿਤੀ 08-08-2012 ਦੇ ਸਨਮੁੱਖ ਸ੍ਰੀਮਤੀ ਅੰਜੂ ਮਹਾਜਨ, ਸਾਇੰਸ ਮਿਸਟ੍ਰੈਸ, ਸ.ਸ.ਸ.ਸ ਮੁਬਾਰਿਕਪੁਰ, ਜ਼ਿਲ੍ਹਾ ਐਸ.ਏ.ਐਸ ਨਗਰ ਦੀ ਮਿਤੀ 02-07-15 ਤੋ ਮਿਤੀ 16-07-15 ਤੱਕ ਦੀ ਚਾਈਲਡ ਕੇਅਰ ਲੀਵ (ਬੱਚੇ ਦੀ ਪ੍ਰੀਖਿਆ ਲਈ) ਇਸ ਸ਼ਰਤ ਤੇ ਮਨਜੂਰ ਕੀਤੀ ਜਾਂਦੀ ਹੈ ਕਿ ਉਹ ਚਾਈਲਡ ਕੇਅਰ ਲੀਵ ਸਬੰਧੀ ਸਮੇਂ ਸਮੇਂ ਤੇ ਸਰਕਾਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ, ਵਿੱਚ ਦਰਜ ਉਪਬੰਧਾ ਦੀ ਪਾਲਣਾ ਕਰੇਗੀ। ਜੇਕਰ ਅਧਿਆਪਿਕਾ ਦੀ ਬੋਰਡ ਦੀਆਂ ਪਰੀਖਿਆਵਾਂ ਆਦਿ ਵਿਚ ਡਿਊਟੀ ਲੱਗੀ ਹੋਵੇ ਤਾਂ ਇਹ ਛੁੱਟੀ ਰੱਦ ਸਮਝੀ ਜਾਵੇ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ।

ਪਿੱਠ ਅੰਕਣ ਨੰ: ਉਕਤ / 12072-74 ਮਿਤੀ : 1/7/15

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜਿਲਾ ਸਿੱਖਿਆ ਅਫਸਰ (ਸੈ.ਸਿ:), ਐਸ.ਏ.ਐਸ ਨਗਰ ਨੂੰ ਉਹਨਾਂ ਦੇ ਪੱਤਰ ਨੰ: ਅਮਲਾ-1/2015/541-42 ਮਿਤੀ 25-06-15 ਦੇ ਹਵਾਲੇ ਵਿਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਅਧਿਆਪਕਾ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜਰ ਹੋਣ/ ਨਾ ਹਾਜਰ ਹੋਣ ਸਬੰਧੀ ਸੂਚਨਾ ਸਮੇ ਸਿਰ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ।
2. ਪ੍ਰਿੰਸੀਪਲ, ਸ.ਸ.ਸ.ਸ ਮੁਬਾਰਿਕਪੁਰ, ਜ਼ਿਲ੍ਹਾ ਐਸ.ਏ.ਐਸ ਨਗਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਅਧਿਆਪਕਾ ਦੀ ਛੁੱਟੀ ਸਬੰਧੀ ਇੰਦਰਾਜ ਸੇਵਾ ਪੱਤਰੀ ਵਿੱਚ ਕੀਤਾ ਜਾਵੇ ਅਤੇ ਛੁੱਟੀ ਉਪਰੰਤ ਸਮੇਂ ਸਿਰ ਹਾਜਰ ਹੋਣ / ਨਾ ਹਾਜਰ ਹੋਣ ਸਬੰਧੀ ਸੂਚਨਾ ਸਮੇਂ ਸਿਰ ਇਸ ਦਫਤਰ ਨੂੰ ਉੱਪਲਬਧ ਕਰਾਉਣੀ ਯਕੀਨੀ ਬਣਾਈ ਜਾਵੇ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਅਧਿਕਾਰੀ ਦੀ ਛੁੱਟੀ 10 ਦਿਨ ਤੋ ਵੱਧ ਹੋਣ ਕਾਰਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀ ਕੀਤੀ ਜਾਣੀ ਹੈ।
3. ਸ੍ਰੀਮਤੀ ਅੰਜੂ ਮਹਾਜਨ, ਸਾਇੰਸ ਮਿਸਟ੍ਰੈਸ, ਸ.ਸ.ਸ.ਸ ਮੁਬਾਰਿਕਪੁਰ, ਜ਼ਿਲ੍ਹਾ ਐਸ.ਏ.ਐਸ ਨਗਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ

## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਐਸ.ਏ.ਐਸ ਨਗਰ, ਪੰਜਾਬ।

ਹੁਕਮ ਨੰ: (2261 ਅ-3) 7/148-15 ਅ 3(5) ਕੋ:ਸੈ:(3)
ਮਿਤੀ, ਐਸ.ਏ.ਐਸ.ਨਗਰ : 01-07-15

ਸ਼੍ਰੀ ਜਸਪਾਲ ਸਿੰਘ, ਪੀ.ਟੀ.ਆਈ, ਸ.ਸ.ਸ.ਸ(ਲੜਕੇ) ਫਗਵਾੜਾ, ਜ਼ਿਲ੍ਹਾ ਕਪੂਰਥਲਾ ਨੂੰ ਮਿਤੀ 06-07-15 ਤੋਂ ਮਿਤੀ 05-08-15 ਤੱਕ ਅੱਧੀ ਤਨਖਾਹ ਛੁੱਟੀ ਵਿਦੇਸ਼ (ਆਸਟ੍ਰੇਲੀਆ) ਜਾਣ ਲਈ ਛੁੱਟੀ ਹੇਠ ਲਿਖੀਆਂ ਸ਼ਰਤਾ ਤੇ ਮੰਜੂਰੀ ਦਿੱਤੀ ਜਾਂਦੀ ਹੈ:-

1. ਕਰਮਚਾਰੀ/ਕਰਮਚਾਰਨ ਆਪਣੀ ਛੁੱਟੀ ਵਿਚ ਵਾਧਾ ਨਹੀ ਕਰੇਗਾ/ ਕਰੇਗੀ।
2. ਕਰਮਚਾਰੀ/ਕਰਮਚਾਰਨ ਵਿਦੇਸ਼ ਵਿੱਚ ਜਾ ਕੇ ਦੇਸ਼ ਵਿਰੋਧੀ ਗਤੀਵਿਧੀਆ ਵਿਚ ਹਿਸਾ ਨਹੀ ਲਵੇਗਾ/ਲਵੇਗੀ।
3. ਕਰਮਚਾਰੀ/ਕਰਮਚਾਰਨ ਛੁੱਟੀ ਖਤਮ ਹੋਣ ਤੇ ਵਾਪਸ ਹਾਜਰ ਨਹੀ ਹੁੰਦਾ/ਹੁੰਦੀ ਤਾਂ ਉਸ ਵਲੋਂ ਦਿੱਤੇ ਹਲਫੀਆ ਬਿਆਨ ਅਨੁਸਾਰ ਉਸਦਾ ਸਰਕਾਰੀ ਨੌਕਰੀ ਤੋਂ ਅਸਤੀਫਾ ਪ੍ਰਵਾਨ ਕਰ ਲਿਆ ਜਾਵੇਗਾ।
4. ਕਰਮਚਾਰੀ/ਕਰਮਚਾਰਨ ਵਿਦੇਸ਼ ਵਿੱਚ ਰਹਿੰਦੇ ਹੋਏ ਆਪਣੀ ਆਮਦਨ ਲਈ ਕਿਸੇ ਹੋਰ ਜਗ੍ਹਾ ਨੌਕਰੀ ਨਹੀਂ ਕਰੇਗਾ/ ਕਰੇਗੀ।
5. ਕਰਮਚਾਰੀ/ਕਰਮਚਾਰਨ ਖਿਲਾਫ ਕੋਈ ਪੁਲਿਸ/ਵਿਜੀਲੈਂਸ ਕੇਸ /ਵਿਭਾਗੀ ਪੈਂਡਿੰਗ ਪੜਤਾਲ/ਏ.ਜੀ. ਪੰਜਾਬ ਵੱਲੋਂ ਆਡਿਟ ਇਤਰਾਜ ਅਤੇ ਐਲ.ਟੀ.ਸੀ ਆਦਿ ਸਬੰਧੀ ਕੋਈ ਕੇਸ ਪੈਂਡਿੰਗ ਨਾ ਹੋਵੇ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ

ਪਿੱਠ ਅੰਕਣ ਨੰ: ਉਕਤ 12079-81 ਮਿਤੀ :- 1/7/15

ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਦਾ ਹੈ :-

1. ਜ਼ਿਲ੍ਹਾ ਸਿੱਖਿਆ ਅਫਸਰ(ਸੈਸਿ) ਕਪੂਰਥਲਾ ਨੂੰ ਉਹਨਾ ਦੇ ਪੱਤਰ ਨੰ: ਅ-2/2015/6952 ਮਿਤੀ 29.06.15 ਦੇ ਸਬੰਧ ਵਿਚ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ/ ਅਧਿਕਾਰੀ ਦੀ ਛੁੱਟੀ ਉਪਰੰਤ ਸਮੇਂ ਸਿਰ ਹਾਜ਼ਰ ਹੋਣ/ਨਾ ਹੋਣ ਸਬੰਧੀ ਸੂਚਨਾ ਇਸ ਦਫਤਰ ਨੂੰ ਉਪਲੱਬਧ ਕਰਾਉਣੀ ਯਕੀਨੀ ਬਣਾਈ ਜਾਵੇ।
2. ਪ੍ਰਿੰਸੀਪਲ ਸ.ਸ.ਸ.ਸ(ਲੜਕੇ) ਫਗਵਾੜਾ, ਜ਼ਿਲ੍ਹਾ ਕਪੂਰਥਲਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 18-10-2012 ਅਨੁਸਾਰ ਕਰਮਚਾਰੀ/ਅਧਿਕਾਰੀ ਦੀ ਛੁੱਟੀ 10 ਦਿਨ ਤੋ ਵੱਧ ਹੋਣ ਕਾਰਨ ਉਸ ਨੂੰ ਮੋਬਾਇਲ ਭੱਤੇ ਦੀ ਅਦਾਇਗੀ ਨਹੀਂ ਕੀਤੀ ਜਾਣੀ ਹੈ।
3. ਸ਼੍ਰੀ ਜਸਪਾਲ ਸਿੰਘ, ਪੀ.ਟੀ.ਆਈ, ਸ.ਸ.ਸ.ਸ(ਲੜਕੇ) ਫਗਵਾੜਾ, ਜ਼ਿਲ੍ਹਾ ਕਪੂਰਥਲਾ।

ਸੁਪਰਡੰਟ ਕੋਆਰਡੀਨੇਸ਼ਨ ਸੈਲ